# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :21-12-2025**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਵਿਕਸਿਤ ਭਾਰਤ -G RAM G ਬਿੱਲ, 2025 ਨੂੰ ਪ੍ਰਵਾਨਗੀ ਦਿੱਤੀ।
- ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰਾਲੇ ਨੇ, ਲੋਕਾਂ ਨੂੰ WhatsApp ਅਕਾਊਂਟਸ ਨੂੰ ਹੈਕ ਕਰਨ ਲਈ ਵਰਤੇ ਜਾਣ ਵਾਲੇ ਗੋਸਟ-ਪੇਅਰਿੰਗ ਸਾਈਬਰ ਘੋਟਾਲੇ ਨੂੰ ਲੈ ਕੇ, ਚੇਤਾਵਨੀ ਜਾਰੀ ਕੀਤੀ।
- ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਆਧਾਰਤ ਕਰੀਅਰ ਸੇਧ ਪ੍ਰੋਗਰਾਮ ਲਾਗੂ, ਵਿਦਿਆਰਥੀਆਂ ਨੂੰ ਭਵਿੱਖ ਸਬੰਧੀ ਫ਼ੈਸਲੇ ਲੈਣ ਵਿੱਚ ਮਿਲੇਗੀ ਮਦਦI

- ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ - ਸਾਲ 2025 ਮਜ਼ਬੂਤ ਵਿੱਤੀ ਪ੍ਰਬੰਧਨ, ਅਤੇ ਕ੍ਰਾਂਤੀਕਾਰੀ ਡਿਜੀਟਲ ਸੁਧਾਰਾਂ ਵਾਲਾ ਸਾਲ ਰਿਹਾ ਏ।
- ਮਹਿਲਾ ਕ੍ਰਿਕਟ ਵਿੱਚ, ਭਾਰਤ ਅੱਜ ਸ੍ਰੀਲੰਕਾ ਖਿਲਾਫ਼ ਪੰਜ twenty-twenty ਮੈਚਾਂ ਦੀ ਲੜੀ ਦਾ ਪਹਿਲਾ ਮੈਚ ਖੇਡੇਗਾ।

----------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਵਿਕਸਿਤ ਭਾਰਤ - ਰੋਜ਼ਗਾਰ ਅਤੇ ਅਜੀਵਿਕਾ ਮਿਸ਼ਨ ਗਾਰੰਟੀ (ਗ੍ਰਾਮੀਣ) (Viksit Bharat - G RAM G) ਬਿੱਲ, 2025 ਨੂੰ ਪ੍ਰਵਾਨਗੀ ਦੇ ਦਿੱਤੀ ਏ। ਸੰਸਦ ਨੇ ਪਹਿਲਾਂ ਸਰਦ ਰੁੱਤ ਇਜਲਾਸ ਦੌਰਾਨ ਇਸਨੂੰ ਪਾਸ ਕਰ ਦਿੱਤਾ ਸੀ। ਇਸ ਐਕਟ ਤਹਿਤ ਦਿਹਾਤੀ ਪਰਿਵਾਰਾਂ ਲਈ ਕਾਨੂੰਨੀ ਉਜਰਤ ਰੁਜ਼ਗਾਰ ਗਾਰੰਟੀ ਨੂੰ ਪ੍ਰਤੀ ਵਿੱਤੀ ਸਾਲ 100 ਦਿਨਾਂ ਤੋਂ ਵਧਾ ਕੇ, ਹੁਣ 125 ਦਿਨ ਕਰ ਦਿੱਤਾ ਗਿਆ ਏ। ਦਿਹਾਤੀ ਵਿਕਾਸ ਮੰਤਰਾਲੇ ਨੇ ਉਜਾਗਰ ਕੀਤਾ ਕਿ, ਇਹ ਦਿਹਾਤੀ ਰੁਜ਼ਗਾਰ ਨੀਤੀ ਦੇ ਪਰਿਵਰਤਨ ਵਿੱਚ, ਇੱਕ ਮਹੱਤਵਪੂਰਨ ਮੀਲ ਪੱਥਰ ਏ। ਵਿਕਸਿਤ ਭਾਰਤ -G RAM G ਐਕਟ ਮਹਾਤਮਾ ਗਾਂਧੀ ਰਾਸ਼ਟਰੀ ਦਿਹਾਤੀ ਰੁਜ਼ਗਾਰ ਗਾਰੰਟੀ ਐਕਟ (MGNREGA), 2005 ਦੀ ਥਾਂ ਲਿਆਂਦਾ ਗਿਆ ਏ।

---

ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ, ਵਿਕਾਸਿਤ ਭਾਰਤ - ਜੀ ਰਾਮ ਜੀ ਬਿੱਲ ਮਨਰੇਗਾ ਦਾ ਅਗਲਾ ਕਦਮ ਏ, ਜੋ ਵਿਕਾਸ ਅਤੇ ਗਰੀਬਾਂ ਦੇ ਹਿੱਤ ਵਿੱਚ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਕਿਹਾ ਕਿ ਇਸ ਬਿੱਲ ਵਿੱਚ, ਦਿਹਾਤੀ ਪਰਿਵਾਰਾਂ ਦੇ ਬਾਲਗ ਮੈਂਬਰਾਂ ਨੂੰ 100 ਦਿਨਾਂ ਦੀ ਬਜਾਏ, 125 ਦਿਨਾਂ ਲਈ ਰੁਜ਼ਗਾਰ ਦੀ ਗਰੰਟੀ ਦਿੱਤੀ ਗਈ ਏ। ਸ੍ਰੀ ਚੌਹਾਨ ਨੇ ਕਿਹਾ ਕਿ ਇਸ ਬਿੱਲ ਵਿੱਚ ਇਹ ਵਿਵਸਥਾ ਕੀਤੀ ਗਈ ਏ ਕਿ ਰੁਜ਼ਗਾਰ ਨਾ ਮਿਲਣ ਦੀ ਸਥਿਤੀ ਵਿੱਚ ਬੇਰੁਜ਼ਗਾਰੀ ਭੱਤਾ ਦਿੱਤਾ ਜਾਵੇਗਾ ਅਤੇ ਤਨਖਾਹ ਦੀ ਅਦਾਇਗੀ ਵਿੱਚ, ਦੇਰੀ ਹੋਣ 'ਤੇ, ਵਾਧੂ ਰਕਮ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਖੇਤੀ ਦੇ ਸੀਜ਼ਨ ਦੌਰਾਨ, ਕਿਸੇ ਵੀ ਤਰ੍ਹਾਂ ਦੀ ਰੁਕਾਵਟ ਆਉਣ ਦੀ ਸੂਰਤ ਵਿੱਚ, ਕਿਸਾਨਾਂ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਨੇ। ਸ੍ਰੀ ਚੌਹਾਨ ਨੇ ਕਿਹਾ ਕਿ ਬਿੱਲ ਲਈ, ਇੱਕ ਲੱਖ 51 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਰਕਮ ਅਲਾਟ ਕੀਤੀ ਗਈ ਏ। ਉਨ੍ਹਾਂ ਇਹ ਵੀ ਦੱਸਿਆ ਕਿ ਪੰਚਾਇਤ ਸਕੱਤਰਾਂ, ਯੋਜਨਾ ਸਹਾਇਕਾਂ ਅਤੇ ਤਕਨੀਕੀ ਕਰਮਚਾਰੀਆਂ ਲਈ ਸਮੇਂ ਸਿਰ ਅਤੇ ਢੁਕਵੀਂ ਤਨਖਾਹ ਯਕੀਨੀ ਬਣਾਉਣ ਲਈ ਪ੍ਰਸ਼ਾਸਕੀ ਖਰਚ, 6 ਫ਼ੀਸਦੀ ਤੋਂ ਵਧਾ ਕੇ, 9 ਫ਼ੀਸਦੀ ਕਰ ਦਿੱਤਾ ਗਿਆ ਏ। ਸ੍ਰੀ ਚੌਹਾਨ ਨੇ ਕਿਹਾ ਕਿ ਇਸ ਬਿੱਲ ਨਾਲ ਪਿੰਡਾਂ ਦਾ ਵਿਕਾਸ ਹੋਵੇਗਾ ਅਤੇ ਪਿੰਡ ਆਤਮ-

ਨਿਰਭਰ ਤੇ ਗਰੀਬੀ ਮੁਕਤ ਬਣ ਸਕਣਗੇ। ਉਨ੍ਹਾਂ ਕਿਹਾ ਕਿ ਇਸ ਬਿੱਲ ਤਹਿਤ, ਪਿੰਡਾਂ ਵਿੱਚ ਪਾਣੀ ਦੀ ਸਾਂਭ-ਸੰਭਾਲ, ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਕੁਦਰਤੀ ਆਫ਼ਤਾਂ ਤੋਂ ਸੁਰੱਖਿਆ ਨਾਲ ਸਬੰਧਤ ਕੰਮ ਕੀਤੇ ਜਾਣਗੇ। ਖੇਤੀਬਾੜੀ ਮੰਤਰੀ ਨੇ ਕਿਹਾ ਕਿ ਇਹ ਬਿੱਲ, ਵਿਕਸਤ ਭਾਰਤ ਦੇ ਦ੍ਰਿਸ਼ਟੀਕੋਣ ਅਨੁਸਾਰ ਏ।

------------------------------------------------------------------

ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰਾਲੇ ਨੇ ਚੇਤਾਵਨੀ ਜਾਰੀ ਕੀਤੀ ਏ, ਜਿਸ ਵਿੱਚ ਕਿਹਾ ਗਿਆ ਏ ਕਿ ਗੋਸਟ-ਪੇਅਰਿੰਗ ਨਾਮਕ ਇੱਕ ਸਾਈਬਰ ਮੁਹਿੰਮ WhatsApp ਅਕਾਊਂਟ ਨੂੰ ਹੈਕ ਕਰਨ ਲਈ ਵਰਤੀ ਜਾ ਰਹੀ ਏ । ਮੰਤਰਾਲੇ ਦੇ ਅਨੁਸਾਰ, ਸਾਈਬਰ ਅਪਰਾਧੀ WhatsApp ਦੇ ਡਿਵਾਈਸ-ਲਿੰਕਿੰਗ ਫ਼ੀਚਰ ਰਾਹੀਂ ਬਿਨਾਂ ਕਿਸੇ ਤਸਦੀਕ ਦੇ ਪੇਅਰਿੰਗ ਕੋਡ ਦੀ ਵਰਤੋਂ ਕਰਕੇ ਖਾਤਿਆਂ ਨੂੰ ਹੈਕ ਕਰ ਰਹੇ ਨੇ । ਇਹ ਘੁਟਾਲਾ ਆਮ ਤੌਰ 'ਤੇ ਉਦੋਂ ਸ਼ੁਰੂ ਹੁੰਦਾ ਏ ਜਦੋਂ ਤੁਹਾਨੂੰ ਕਿਸੇ ਜਾਣੇ-ਪਛਾਣੇ ਨੰਬਰ ਤੋਂ ਇੱਕ ਫੋਟੋ ਅਤੇ ਇੱਕ ਮੈਸੇਜ ਮਿਲਦਾ ਏ ਜੋ ਤੁਹਾਨੂੰ ਇਸਨੂੰ ਦੇਖਣ ਲਈ ਕਹਿੰਦਾ ਏ । ਮੰਤਰਾਲੇ ਨੇ ਕਿਹਾ ਕਿ ਇਹ ਤਰੀਕਾ ਸਾਈਬਰ ਅਪਰਾਧੀਆਂ ਨੂੰ ਪਾਸਵਰਡ ਜਾਂ ਸਿਮ ਸਵੈਪ ਦੀ ਲੋੜ ਤੋਂ ਬਿਨਾਂ ਪੀੜਤ ਦੇ WhatsApp ਅਕਾਊਂਟ ਤੱਕ ਪੂਰੀ ਪਹੁੰਚ ਦਿੰਦਾ ਏ

। ਮੰਤਰਾਲੇ ਨੇ ਲੋਕਾਂ ਨੂੰ ਸ਼ੱਕੀ links 'ਤੇ ਕਲਿੱਕ ਨਾ ਕਰਨ ਅਤੇ ਕਦੇ ਵੀ ਬਾਹਰੀ ਸਾਈਟਾਂ 'ਤੇ ਆਪਣਾ ਫ਼ੋਨ ਨੰਬਰ ਦਰਜ ਨਾ ਕਰਨ ਦੀ ਸਲਾਹ ਦਿੱਤੀ।

---------------------------------------------------------------

ਪੰਜਾਬ ਸਰਕਾਰ ਨੇ ਆਪਣੀ ਸਰਕਾਰੀ ਸਕੂਲ ਸਿੱਖਿਆ ਪ੍ਰਣਾਲੀ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ-AI-ਅਧਾਰਿਤ ਕਰੀਅਰ ਗਾਈਡੈਂਸ ਨੂੰ ਏਕੀਕ੍ਰਿਤ ਕਰਨ ਲਈ ਆਪਣੀ ਕਿਸਮ ਦੀ ਨਿਵੇਕਲੀ ਪਹਿਲ ਦੀ ਸ਼ੁਰੂਆਤ ਕੀਤੀ ਏ । ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਆਜ਼ਮਾਇਸ਼ੀ ਗੇੜ ਤਹਿਤ  ਸਰਕਾਰੀ ਅਤੇ ਪੰਜਾਬ ਸਕੂਲ ਸਿੱਖਿਆ ਬੋਰਡ ਤੋਂ ਮਾਨਤਾ ਪ੍ਰਾਪਤ ਸਕੂਲਾਂ ਵਿੱਚ 25 ਏ.ਆਈ.-ਅਧਾਰਤ ਕਰੀਅਰ ਗਾਈਡੈਂਸ ਲੈਬਾਰਟਰੀਆਂ ਦਾ ਆਗ਼ਾਜ਼ ਕੀਤਾ ਗਿਆ ਏ । ਮੰਤਰੀ ਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਨੰਗਲ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਚ  ਇੱਕੋ ਸਮੇਂ ਇਨ੍ਹਾਂ ਲੈਬਾਰਟਰੀਆਂ ਦਾ ਉਦਘਾਟਨ ਕਰਕੇ ਇਸ ਪਹਿਲਕਦਮੀ ਦੀ ਸ਼ੁਰੂਆਤ ਕੀਤੀ। ਐਜੂਕੇਸ਼ਨ-ਟੈਕ ਪਾਰਟਨਰ "ਬਿਓਂਡ ਮੈਂਟਰ" ਦੇ ਸਹਿਯੋਗ ਨਾਲ ਲਾਗੂ ਕੀਤਾ ਗਿਆ ਇਹ ਪ੍ਰੋਗਰਾਮ ਸੂਬੇ ਦੇ ਵਿਦਿਆਰਥੀਆਂ ਨੂੰ ਮੁਫ਼ਤ ਕਰੀਅਰ ਗਾਈਡੈਂਸ ਦੇਵੇਗਾ। ਇਸ

ਪਹਿਲਕਦਮੀ ਦਾ ਉਦੇਸ਼ ਸੂਬੇ ਦੇ ਨੌਜਵਾਨਾਂ ਨੂੰ ਸਹੀ ਸਮੇਂ 'ਤੇ ਸਹੀ ਸਾਧਨਾਂ ਨਾਲ ਸਸ਼ਕਤ ਬਣਾਉਣ ਏ। ਉਨ੍ਹਾਂ ਕਿਹਾ ਕਿ ਆਜ਼ਮਾਇਸ਼ੀ ਪ੍ਰਾਜੈਕਟ ਅਧੀਨ ਕਵਰ ਕੀਤੇ ਗਏ 25 ਸਕੂਲਾਂ ਦੀ ਕਾਰਗੁਜ਼ਾਰੀ, ਵਿਦਿਆਰਥੀਆਂ ਦੇ ਨਤੀਜੇ ਅਤੇ ਕਾਰਜ-ਕੁਸ਼ਲਤਾ ਦੀ ਨੇੜਿਓਂ ਨਿਗਰਾਨੀ ਕੀਤੀ ਜਾਵੇਗੀ।

------------------------------------------------------------------

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸਾਲ 2025 ਮਜ਼ਬੂਤ ਵਿੱਤੀ ਪ੍ਰਬੰਧਨ, ਮਜ਼ਬੂਤ ਬੁਨਿਆਦੀ ਢਾਂਚਾ ਨਿਵੇਸ਼ ਅਤੇ ਕ੍ਰਾਂਤੀਕਾਰੀ ਡਿਜੀਟਲ ਸੁਧਾਰਾਂ ਵਾਲਾ ਸਾਲ ਰਿਹਾ ਏ। ਵਿੱਤ ਵਿਭਾਗ ਦੀ ਸਾਲਾਨਾ ਰਿਪੋਰਟ ਪੇਸ਼ ਕਰਦਿਆਂ ਉਨ੍ਹਾਂ ਕਿਹਾ ਕਿ ਵਿੱਤ ਵਿਭਾਗ ਹੁਣ ਸਿਰਫ਼ "ਫੰਡ ਵੰਡਣ ਵਾਲਾ" ਵਿਭਾਗ ਨਹੀਂ ਰਿਹਾ, ਸਗੋਂ "ਨਵੀਨਤਾ ਦਾ ਸੰਚਾਲਕ" ਬਣ ਗਿਆ ਏ। ਪੰਜਾਬ ਸਰਕਾਰ ਦੀ "ਲੋਕ-ਪੱਖੀ" ਪਹੁੰਚ 'ਤੇ ਚਾਨਣਾ ਪਾਉਂਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਚਾਹੇ ਹੜ੍ਹਾਂ ਕਾਰਨ ਫ਼ਸਲਾਂ ਦੇ ਖ਼ਰਾਬੇ ਲਈ ਕਿਸਾਨਾਂ ਨੂੰ ਦਿੱਤੇ ਗਏ 968 ਕਰੋੜ ਰੁਪਏ ਦਾ ਸਵਾਲ ਹੋਵੇ ਜਾਂ ਫਿਰ ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਨਿਗਮ ਦੇ ਕਰਜ਼ਾ ਮੁਆਫੀ ਪ੍ਰੋਗਰਾਮ ਅਧੀਨ 4,650 ਲਾਭਪਾਤਰੀਆਂ ਦੀ ਕਰਜ਼ਾ ਮੁਆਫ਼ੀ ਦਾ ਮਾਮਲਾ, ਸਰਕਾਰ ਹਰ

ਪੰਜਾਬੀ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਏ I ਵਿੱਤ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ 'ਰੰਗਲਾ ਪੰਜਾਬ ਵਿਕਾਸ ਯੋਜਨਾ' ਤਹਿਤ 292 ਕਰੋੜ ਰੁਪਏ ਜਾਰੀ ਕੀਤੇ ਹਨ, ਜਿਸ ਨਾਲ ਇਹ ਯਕੀਨੀ ਬਣਾਇਆ ਜਾ ਰਿਹਾ ਏ  ਕਿ ਹਰੇਕ ਹਲਕੇ ਨੂੰ ਆਪਣੀਆਂ ਸਥਾਨਕ ਲੋੜਾਂ ਤੁਰੰਤ ਪੂਰੀਆਂ  ਕਰਨ ਲਈ ਢਾਈ ਕਰੋੜ ਰੁਪਏ ਮਿਲਣ। ਉਨ੍ਹਾਂ ਕਿਹਾ ਕਿ ਸਾਲ 2025 ਦੌਰਾਨ ਸੜਕੀ ਅਤੇ ਖੇਡ ਬੁਨਿਆਦੀ ਢਾਂਚੇ ਨੂੰ ਵੀ ਵੱਡਾ ਹੁਲਾਰਾ ਮਿਲਿਆ ਏ  ।  ਇਸ ਤੋਂ ਇਲਾਵਾ ਤੰਦਰੁਸਤ ਸਿਹਤ ਅਤੇ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਰਾਜ ਭਰ ਵਿੱਚ ਵਿਸ਼ਵ ਪੱਧਰੀ ਖੇਡ ਮੈਦਾਨਾਂ ਦੀ ਉਸਾਰੀ ਵਾਸਤੇ 500 ਕਰੋੜ ਰੁਪਏ ਰੱਖੇ ਗਏ ਨੇ।

---------------------------------------------------------------------

ਪੰਜਾਬ ਦੇ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਨੇ ਸਾਫ਼ ਅਤੇ ਹਰਾ ਭਰਾ ਵਾਤਾਵਰਣ ਯਕੀਨੀ ਬਣਾਉਣ ਉਦੇਸ਼ ਨਾਲ ਸਾਲ 2025 ਦੌਰਾਨ ਕਈ ਮਹੱਤਵਪੂਰਨ ਪਹਿਲਕਦਮੀਆਂ ਸ਼ੁਰੂ ਕੀਤੀਆਂ। ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਦੀ ਅਗਵਾਈ ਹੇਠ ਇਨ੍ਹਾਂ ਨਿਵੇਕਲੀਆਂ ਪਹਿਲਕਦਮੀਆਂ ਵਿੱਚ 8 ਜੰਗਲਾਤ ਅਤੇ ਕੁਦਰਤ ਜਾਗਰੂਕਤਾ ਪਾਰਕ ਵਿਕਸਿਤ ਕਰਨਾ ਸ਼ਾਮਲ ਏ। ਇਨ੍ਹਾਂ ਵਿੱਚੋਂ ਗ੍ਰੀਨਿੰਗ ਪੰਜਾਬ ਮਿਸ਼ਨ ਤਹਿਤ ਚਾਰ ਪਾਰਕ ਪਠਾਨਕੋਟ ਵਿੱਚ, 2 ਪਟਿਆਲਾ

ਵਿੱਚ ਅਤੇ 1–1 ਅੰਮ੍ਰਿਤਸਰ ਅਤੇ ਹੁਸ਼ਿਆਰਪੁਰ ਵਿੱਚ ਵਿਕਸਿਤ ਕੀਤੇ ਜਾ ਰਹੇ ਨੇ । ਉਨਾ ਦਸਿਆ ਕਿ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ, ਪੰਜਾਬ ਨੇ ਪੰਜਾਬ ਪ੍ਰੋਟੈਕਸ਼ਨ ਆਫ਼ ਟਰੀਜ਼ ਐਕਟ, 2025 ਦਾ ਖਰੜਾ ਤਿਆਰ ਕੀਤਾ ਏ । ਜਿਸਦਾ ਉਦੇਸ਼ ਹਰਿਆਲੀ ਬਰਕਰਾਰ ਰੱਖਣਾ, ਵਾਤਾਵਰਣ ਸੰਤੁਲਨ ਨੂੰ ਯਕੀਨੀ ਬਣਾਉਣਾ ਅਤੇ ਵਾਤਾਵਰਣ ਦੇ ਪ੍ਰਦੂਸ਼ਣ ਨੂੰ ਰੋਕਣ ਦੇ ਨਾਲ-ਨਾਲ ਮਿੱਟੀ ਦੀ ਸੰਭਾਲ ਕਰਨਾ ਏ ।ਇਹ ਐਕਟ ਪੰਜਾਬ ਦੇ ਸਾਰੇ ਸ਼ਹਿਰੀ ਖੇਤਰਾਂ ਵਿੱਚ ਲਾਗੂ ਹੋਵੇਗਾ। ਇਸ ਐਕਟ ਨੂੰ ਵਿੱਤ ਵਿਭਾਗ ਵੱਲੋਂ ਮਿਲੀ ਪ੍ਰਵਾਨਗੀ ਦਿੱਤੀ ਜਾ ਚੁੱਕੀ ਏ ।

-------------------------------------------------------------------------

ਬੱਚਿਆਂ ਨੂੰ ਭੀਖ ਮੰਗਣ ਦੀ ਬੁਰਾਈ ਤੋਂ ਬਚਾਉਣ ਦੇ ਉਦੇਸ਼ ਨਾਲ, ਮੁਹਾਲੀ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੁਹਿੰਮ ਪ੍ਰੋਜੈਕਟ ਜੀਵਨਜੋਤ ਤਹਿਤ ਜ਼ੀਰਕਪੁਰ ਵਿੱਚ ਬਾਲ ਭੀਖ ਰੋਕਥਾਮ ਮੁਹਿੰਮ ਚਲਾਈ ਗਈ, ਜਿਸ ਦੌਰਾਨ 15 ਬੱਚਿਆਂ ਨੂੰ ਬਰਾਮਦ ਕੀਤਾ ਗਿਆ । ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਦੱਸਿਆ ਕਿ ਇਹ ਮੁਹਿੰਮ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਚਲਾਈ ਗਈ। ਜ਼ਿਲ੍ਹਾ ਬਾਲ ਸੁਰੱਖਿਆ

ਅਧਿਕਾਰੀ ਨਵਪ੍ਰੀਤ ਕੌਰ ਨੇ ਜਾਣਕਾਰੀ ਦਿੱਤੀ ਕਿ ਦਸਤਾਵੇਜ਼ਾਂ ਅਤੇ ਪਛਾਣ ਦੀ ਤਸਦੀਕ ਤੱਕ ਬੱਚਿਆਂ ਨੂੰ ਰਜਿਸਟਰਡ ਬਾਲ ਸੰਭਾਲ ਸੰਸਥਾ  ਵਿੱਚ ਰੱਖਿਆ ਗਿਆ ਏ । ਬਾਲ ਭਲਾਈ ਕਮੇਟੀ ਦੇ ਚੇਅਰਮੈਨ, ਕੁਲਵੰਤ ਸਿੰਘ ਗੁਰੂ ਨੇ ਕਿਹਾ ਕਿ ਜਿਨ੍ਹਾਂ ਮਾਮਲਿਆਂ ਵਿੱਚ ਕਥਿਤ ਮਾਪੇ ਜਾਇਜ਼ ਪਛਾਣ ਦਸਤਾਵੇਜ਼ ਪੇਸ਼ ਕਰਨ ਵਿੱਚ ਅਸਫਲ ਰਹਿੰਦੇ ਹਨ, ਉਨ੍ਹਾਂ ਮਾਮਲਿਆਂ ਵਿੱਚ ਡੀ.ਐਨ.ਏ. ਟੈਸਟ ਲਈ ਡਿਪਟੀ ਕਮਿਸ਼ਨਰ ਨੂੰ ਸਿਫਾਰਸ਼ ਕੀਤੀ ਜਾਵੇਗੀ। ਨਾਗਰਿਕਾਂ ਨੂੰ ਅਪੀਲ ਕੀਤੀ ਗਈ ਏ ਕਿ ਬੱਚਿਆਂ ਦੇ ਭੀਖ ਮੰਗਣ ਨਾਲ ਸੰਬੰਧਿਤ ਮਾਮਲਿਆਂ ਦੀ ਤੁਰੰਤ ਸੂਚਨਾ ਚਾਈਲਡ ਹੈਲਪਲਾਈਨ 1098 □ਤੇ ਦੇਣ ਤਾਂ ਜੋ ਸਮੇਂ ਸਿਰ ਕਾਰਵਾਈ ਕੀਤੀ ਜਾ ਸਕੇ।

-----------------------------------------------------------------------

ਸ਼੍ਰੀ ਅਨੰਦਪੁਰ ਸਾਹਿਬ ਵਿਖੇ ਅੱਜ ਗੁਰਦੁਆਰਾ ਕਿਲਾ ਅਨੰਦਗੜ੍ਹ ਸਾਹਿਬ ਤੋਂ ਵਿਸ਼ੇਸ਼ ਨਗਰ ਕੀਰਤਨ ਕਡਿਆ ਗਿਆ Iਇਹ ਨਗਰ ਕੀਰਤਨ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਪਰਿਵਾਰ ਸਮੇਤ ਸ੍ਰੀ ਅਨੰਦਗੜ੍ਹ ਸਾਹਿਬ ਦਾ ਕਿਲਾ ਛੱਡਣ ਦੀ ਯਾਦ ਦੇ ਵਿੱਚ ਹਰ ਸਾਲ ਕੱਢਿਆ ਜਾਂਦਾ ਏ ।ਸ੍ਰੀ ਅਨੰਦਪੁਰ ਸਾਹਿਬ ਤੋਂ ਸ਼ੁਰੂ ਹੋਇਆ ਇਹ ਵਿਸ਼ੇਸ਼ ਨਗਰ ਕੀਰਤਨ ਅਲੋਕਿਕ ਦਸਮੇਸ਼ ਪੈਦਲ ਮਾਰਚ ਗੁਰਦੁਆਰਾ ਮਹਿੰਦੀਆਣਾ ਸਾਹਿਬ ਵਿਖੇ ਸਮਾਪਤ ਹੋਇਆ ।ਗੁਰੂ ਗੋਬਿੰਦ ਸਿੰਘ ਜੀ

ਨੇ ਛੇਵੀਂ ਅਤੇ ਸੱਤਵੀਂ ਪੋਹ ਦੀ ਰਾਤ ਨੂੰ ਸ੍ਰੀ ਅਨੰਦਪੁਰ ਸਾਹਿਬ ਦਾ ਕਿਲ੍ਹਾ ਛੱਡ ਦਿੱਤਾ ਸੀ।

-----------------------------------------------------------------

ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਦੀ ਯਾਦ ਵਿੱਚ ਮਨਾਈ ਜਾਣ ਵਾਲੀ ਸਾਲਾਨਾ ਸ਼ਹੀਦੀ ਸਭਾ ਨੂੰ ਮੁੱਖ ਰੱਖਦਿਆਂ, ਅੱਜ ਇਤਿਹਾਸਕ ਨਗਰੀ ਫਤਹਿਗੜ੍ਹ ਸਾਹਿਬ ਵਿਖੇ ਵਿਸ਼ਾਲ ਸਫਾਈ ਮੁਹਿੰਮ ਦਾ ਆਗਾਜ਼ ਕੀਤਾ ਗਿਆ। ਜਥੇਦਾਰ ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ ਅਤੇ ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲਿਆਂ ਦੀ ਸਰਪ੍ਰਸਤੀ ਹੇਠ ਜਥਿਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਸਫਾਈ ਵਿਵਸਥਾ ਵਿੱਚ ਸਹਿਯੋਗ ਦੇਣ ਲਈ ਸ਼ਮੂਲੀਅਤ ਕੀਤੀ। ਨੌਜਵਾਨਾਂ ਵੱਲੋਂ ਸ਼ਹਿਰ ਦੇ ਵੱਖ-ਵੱਖ ਮਾਰਗਾਂ, ਗੁਰਦੁਆਰਾ ਸਾਹਿਬ ਦੇ ਆਲੇ-ਦੁਆਲੇ ਅਤੇ ਜਨਤਕ ਥਾਵਾਂ ੨ਤੇ ਸਫਾਈ ਵਿੱਚ ਪ੍ਰਸ਼ਾਸਨ ਨੂੰ ਸਹਿਯੋਗ ਦਿੱਤਾ ਜਾ ਰਿਹਾ ਏ । ਟੀਮ ਇੰਚਾਰਜ ਭਾਈ ਅਮਰਜੀਤ ਸਿੰਘ ਨੇ ਦੱਸਿਆ ਕਿ ਲੱਖਾਂ ਦੀ ਗਿਣਤੀ ਵਿੱਚ ਪਹੁੰਚਣ ਵਾਲੀਆਂ ਸੰਗਤਾਂ ਦੀ ਸਹੂਲਤ ਅਤੇ ਸ਼ਹਿਰ ਦੀ ਸੁੰਦਰਤਾ ਨੂੰ ਬਰਕਰਾਰ ਰੱਖਣ ਲਈ ਇਹ ਸੇਵਾ ਨਿਰੰਤਰ ਜਾਰੀ ਰਹੇਗੀ।

-----------------------------------------------------------------

ਗੁਰੂ ਅੰਗਦ ਦੇਵ ਵੈਟਨਰੀ ਐਂਡ ਐਨੀਮਲ ਸਾਇੰਸਜ਼ ਯੂਨੀਵਰਸਿਟੀ ਲੁਧਿਆਣਾ ਦੇ ਵੈਟਨਰੀ ਪੈਥੋਲੋਜੀ ਵਿਭਾਗ ਦੇ ਵਿਦਿਆਰਥੀਆਂ ਨੇ ਝਾਰਖੰਡ ਵਿਖੇ  ਬਿਰਸਾ ਐਗਰੀਕਲਚਰਲ ਯੂਨੀਵਰਸਿਟੀ ਵਿਚ ਆਯੋਜਿਤ ਇੰਡੀਅਨ ਐਸੋਸੀਏਸ਼ਨ ਆਫ ਵੈਟਰਨਰੀ ਪੈਥੋਲੋਜਿਸਟ ਕਾਂਗਰਸ-2025 ਵਿੱਚ ਹਿੱਸਾ ਲਿਆ ।ਡਾ. ਟੀ. ਮੋਹਨਪ੍ਰਿਆ ਨੇ ਮੋਲੀਕਿਊਲਰ ਪੈਥੋਲੋਜੀ ਦੇ ਕੰਮ ਲਈ ਯੰਗ ਸਾਇੰਟਿਸਟ ਅਵਾਰਡ ਜਿੱਤਿਆ। ਉਨ੍ਹਾਂ ਨੂੰ ਡਾ. ਵਿਸ਼ਾਲ ਮਹਾਜਨ ਦੀ ਅਗਵਾਈ ਹੇਠ ਕੁੱਤਿਆਂ ੍ਰਤੇ ਆਪਣੇ ਖੋਜ ਕਾਰਜ ਲਈ ਦੂਜਾ ਸਭ ਤੋਂ ਵਧੀਆ ਪੀ.ਐਚ.ਡੀ ਥੀਸਿਸ ਅਵਾਰਡ ਵੀ ਮਿਲਿਆ। ਪੀ.ਐਚ.ਡੀ ਦੇ ਵਿਦਿਆਰਥੀ ਡਾ. ਰਜਤ ਸੂਦ ਨੇ ਡਾ. ਓਮੇਰ ਕੇ ਬਾਬਾ ਦੀ ਅਗਵਾਈ ਹੇਠ ਕੀਤੇ ਗਏ ਆਪਣੇ ਖੋਜ ਕਾਰਜ ਲਈ ਸਭ ਤੋਂ ਵਧੀਆ ਪੋਸਟਰ ਪੇਸ਼ਕਾਰੀ ਅਵਾਰਡ ਪ੍ਰਾਪਤ ਕੀਤਾ ।ਤਕਨੀਕੀ ਸੈਸ਼ਨ ਵਿੱਚ, ਡਾ. ਰਜਤ ਸੂਦ ਅਤੇ ਡਾ. ਚਾਗੀ ਨਾਗਲਿੰਗਾ ਨੂੰ ਪੇਪਰ ਲਈ ਸਭ ਤੋਂ ਵਧੀਆ-ਕੇਸ ਪੇਸ਼ਕਾਰੀ ਅਵਾਰਡ ਜਦਕਿ ਇੱਕ ਹੋਰ ਵਿਦਿਆਰਥੀ ਡਾ. ਪ੍ਰਣੇਸ਼ ਐਮ ਨੂੰ ਇਸ ਸੈਸ਼ਨ ਦੌਰਾਨ ਹੌਸਲਾ ਵਧਾਊ ਅਵਾਰਡ ਮਿਲਿਆ। ਉਪ-ਕੁਲਪਤੀ  ਡਾ. ਜਤਿੰਦਰ ਪਾਲ ਸਿੰਘ ਗਿੱਲ, ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਸ਼ਲਾਘਾ ਕੀਤੀ।

---------------------------------------------------------------------

ਮਹਿਲਾ ਕ੍ਰਿਕਟ ਵਿੱਚ, ਭਾਰਤ ਅੱਜ ਸ਼੍ਰੀਲੰਕਾ ਖਿਲਾਫ਼ ਪੰਜ τωεντψ–τωεντψ ਮੈਚਾਂ ਦੀ ਲੜੀ ਦਾ ਪਹਿਲਾ ਮੈਚ ਖੇਡੇਗਾ। ਇਹ ਮੈਚ ਵਿਸ਼ਾਖਾਪਟਨਮ ਵਿੱਚ, ਸ਼ਾਮ 7 ਵਜੇ ਸ਼ੁਰੂ ਹੋਵੇਗਾ। ਹਰਮਨਪ੍ਰੀਤ ਕੌਰ ਦੀ ਕਪਤਾਨੀ ਹੇਠ, ਪਹਿਲੇ ਦੋ ਮੈਚ ਵਿਸ਼ਾਖਾਪਟਨਮ ਵਿੱਚ ਅਤੇ ਆਖਰੀ ਤਿੰਨ ਮੈਚ ਤਿਰੂਵਨੰਤਪੁਰਮ ਵਿੱਚ ਖੇਡੇ ਜਾਣਗੇ।

---

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਵਿਕਸਿਤ ਭਾਰਤ - G RAM G ਬਿੱਲ, 2025 ਨੂੰ ਪ੍ਰਵਾਨਗੀ ਦਿੱਤੀ ।
- ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰਾਲੇ ਨੇ, ਲੋਕਾਂ ਨੂੰ WhatsApp ਅਕਾਊਂਟਸ ਨੂੰ ਹੈਕ ਕਰਨ ਲਈ ਵਰਤੇ ਜਾਣ ਵਾਲੇ ਗੋਸਟ-ਪੇਅਰਿੰਗ ਸਾਈਬਰ ਘੋਟਾਲੇ ਨੂੰ ਲੈ ਕੇ, ਚੇਤਾਵਨੀ ਜਾਰੀ ਕੀਤੀ।
- ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਆਧਾਰਤ ਕਰੀਅਰ ਸੇਧ ਪ੍ਰੋਗਰਾਮ ਲਾਗੂ, ਵਿਦਿਆਰਥੀਆਂ ਨੂੰ ਭਵਿੱਖ ਸਬੰਧੀ ਫ਼ੈਸਲੇ ਲੈਣ ਵਿੱਚ ਮਿਲੇਗੀ ਮਦਦI

- ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ - ਸਾਲ 2025 ਮਜ਼ਬੂਤ ਵਿੱਤੀ ਪ੍ਰਬੰਧਨ, ਅਤੇ ਕ੍ਰਾਂਤੀਕਾਰੀ ਡਿਜੀਟਲ ਸੁਧਾਰਾਂ ਵਾਲਾ ਸਾਲ ਰਿਹਾ ਏ।
- ਮਹਿਲਾ ਕ੍ਰਿਕਟ ਵਿੱਚ, ਭਾਰਤ ਅੱਜ ਸ੍ਰੀਲੰਕਾ ਖਿਲਾਫ਼ ਪੰਜ twenty-twenty ਮੈਚਾਂ ਦੀ ਲੜੀ ਦਾ ਪਹਿਲਾ ਮੈਚ ਖੇਡੇਗਾ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**